

www.BibleForChildren.org


ਉਤ 1




ਆਦ ਵਿੱਚ ਪਰਮੇਸ਼ੁਰ ਨੇ ਅਕਾਸ਼
ਅਤੇ ਧਰਤੀ ਨੂੰ ਸਿਰਜਿਆ।



ਧਰਤੀ ਬੇਡੌਲ ਅਤੇ ਵਿਰਾਨ ਸੀ ਅਤੇ ਡੂੰਘਿਆਈ
ਉੱਤੇ ਹਨ੍ਹੇਰਾ ਸੀ, ਪਰਮੇਸ਼ੁਰ ਦਾ ਆਤਮਾ
ਪਾਣੀਆਂ ਦੇ ਉੱਤੇ ਮੰਡਲਾਉਂਦਾ ਸੀ।




ਪਰਮੇਸ਼ੁਰ ਨੇ ਆਖਿਆ, ਚਾਨਣ ਹੋਵੇ, ਤਦ ਚਾਨਣ ਹੋ ਗਿਆ। ਪਰਮੇਸ਼ੁਰ ਨੇ ਚਾਨਣ ਨੂੰ ਦਿਨ ਆਖਿਆ ਅਤੇ ਹਨ੍ਹੇਰੇ ਨੂੰ ਰਾਤ ਆਖਿਆ। ਇਸ ਤਰ੍ਹਾਂ ਸ਼ਾਮ ਤੇ ਸਵੇਰ ਹੋਈ, ਇਹ ਪਹਿਲਾ ਦਿਨ ਹੋਇਆ।




ਫੇਰ ਪਰਮੇਸ਼ੁਰ ਨੇ ਆਖਿਆ, ਪਾਣੀਆਂ ਦੇ ਵਿਚਕਾਰ ਅੰਬਰ ਹੋਵੇ ਅਤੇ ਉਹ ਪਾਣੀਆਂ ਨੂੰ ਪਾਣੀਆਂ ਤੋਂ ਵੱਖਰਾ ਕਰੇ। ਤਦ ਪਰਮੇਸ਼ੁਰ ਨੇ ਅੰਬਰ ਨੂੰ ਅਕਾਸ਼ ਆਖਿਆ, ਇਸ ਤਰ੍ਹਾਂ ਸ਼ਾਮ ਤੇ ਸਵੇਰ ਹੋਈ ਅਤੇ ਇਹ ਦੂਜਾ ਦਿਨ ਹੋਇਆ।


ਫੇਰ ਪਰਮੇਸ਼ੁਰ ਨੇ ਆਖਿਆ ਕਿ ਅਕਾਸ਼ ਦੇ ਹੇਠਲੇ ਪਾਣੀ ਇੱਕ ਥਾਂ ਇਕੱਠੇ ਹੋ ਜਾਣ ਤਾਂ ਜੋ ਸੁੱਕੀ ਜ਼ਮੀਨ ਦਿਸੇ ਅਤੇ ਅਜਿਹਾ ਹੀ ਹੋ ਗਿਆ। ਪਰਮੇਸ਼ੁਰ ਨੇ ਸੁੱਕੀ ਜ਼ਮੀਨ ਨੂੰ ਧਰਤੀ ਆਖਿਆ, ਪਾਣੀਆਂ ਦੇ ਇਕੱਠ ਨੂੰ ਸਮੁੰਦਰ ਆਖਿਆ ਅਤੇ ਪਰਮੇਸ਼ੁਰ ਨੇ ਵੇਖਿਆ ਕਿ ਇਹ ਚੰਗਾ ਹੈ।




ਫੇਰ ਪਰਮੇਸ਼ੁਰ ਨੇ ਆਖਿਆ ਕਿ ਧਰਤੀ ਘਾਹ, ਬੀਜ ਵਾਲਾ ਸਾਗ ਪੱਤ ਅਤੇ ਫਲਦਾਰ ਰੁੱਖ ਉਗਾਵੇ ਜਿਹੜੇ ਆਪੋ-ਆਪਣੀ ਕਿਸਮ ਦੇ ਅਨੁਸਾਰ ਬੀਜ ਵਾਲਾ ਫਲ ਧਰਤੀ ਉੱਤੇ ਪੈਦਾ ਕਰਨ ਅਤੇ ਅਜਿਹਾ ਹੀ ਹੋ ਗਿਆ। ਇਸ ਤਰ੍ਹਾਂ ਸ਼ਾਮ ਤੇ ਸਵੇਰ ਹੋਈ, ਇਹ ਤੀਜਾ ਦਿਨ ਹੋਇਆ।




ਪਰਮੇਸ਼ੁਰ ਨੇ ਦੋ ਵੱਡੀਆਂ ਰੌਸ਼ਨੀਆਂ ਬਣਾਈਆਂ - ਵੱਡੀ ਰੋਸ਼ਨੀ ਜਿਹੜੀ ਦਿਨ ਉੱਤੇ ਰਾਜ ਕਰੇ ਅਤੇ ਛੋਟੀ ਰੋਸ਼ਨੀ ਜਿਹੜੀ ਰਾਤ ਉੱਤੇ ਰਾਜ ਕਰੇ, ਉਸ ਨੇ ਤਾਰੇ ਵੀ ਬਣਾਏ। ਇਸ ਤਰ੍ਹਾਂ ਸ਼ਾਮ ਅਤੇ ਸਵੇਰ ਹੋਈ, ਇਹ ਚੌਥਾ ਦਿਨ ਹੋਇਆ।



ਫੇਰ ਪਰਮੇਸ਼ੁਰ ਨੇ ਆਖਿਆ ਕਿ
ਪਾਣੀ ਜੀਉਂਦੇ ਪ੍ਰਾਣੀਆਂ ਨਾਲ
ਭਰ ਜਾਣ ਅਤੇ ਪੰਛੀ ਧਰਤੀ ਤੋਂ
ਉਤਾਹਾਂ ਅਕਾਸ਼ ਦੇ ਅੰਬਰ
ਵਿੱਚ ਉੱਡਣ। ਇਸ ਤਰ੍ਹਾਂ ਸ਼ਾਮ
ਅਤੇ ਸਵੇਰ ਹੋਈ, ਇਹ ਪੰਜਵਾਂ
ਦਿਨ ਹੋਇਆ।




ਫੇਰ ਪਰਮੇਸ਼ੁਰ ਨੇ ਆਖਿਆ ਕਿ ਧਰਤੀ ਜੀਉਂਦੇ ਪ੍ਰਾਣੀਆਂ ਨੂੰ ਉਨ੍ਹਾਂ ਦੀ ਪ੍ਰਜਾਤੀ ਦੇ ਅਨੁਸਾਰ ਤੇ ਪਸ਼ੂਆਂ ਨੂੰ, ਘਿੱਸਰਨ ਵਾਲਿਆਂ ਨੂੰ, ਧਰਤੀ ਦੇ ਜਾਨਵਰਾਂ ਨੂੰ ਉਨ੍ਹਾਂ ਦੀ ਪ੍ਰਜਾਤੀ ਦੇ ਅਨੁਸਾਰ ਉਪਜਾਵੇ ਅਤੇ ਅਜਿਹਾ ਹੀ ਹੋ ਗਿਆ।




ਪਰਮੇਸ਼ੁਰ ਨੇ ਆਖਿਆ ਕਿ ਅਸੀਂ ਮਨੁੱਖ ਨੂੰ ਆਪਣੇ ਸਰੂਪ ਵਿੱਚ ਅਤੇ ਆਪਣੇ ਵਰਗਾ ਬਣਾਈਏ ਅਤੇ ਓਹ ਸਮੁੰਦਰ ਦੀਆਂ ਮੱਛੀਆਂ ਉੱਤੇ, ਅਕਾਸ਼ ਦੇ ਪੰਛੀਆਂ, ਪਸ਼ੂਆਂ, ਸਗੋਂ ਸਾਰੀ ਧਰਤੀ ਉੱਤੇ ਅਤੇ ਧਰਤੀ ਉੱਤੇ ਸਾਰੇ ਘਿੱਸਰਨ ਵਾਲਿਆਂ ਜੀਵ-ਜੰਤੂਆਂ ਉੱਤੇ ਰਾਜ ਕਰਨ। ਤਦ ਪਰਮੇਸ਼ੁਰ ਨੇ ਸਾਰੀ ਸਿਰਜਣਾ ਨੂੰ ਜਿਸ ਨੂੰ ਉਸ ਨੇ ਬਣਾਇਆ ਸੀ, ਵੇਖਿਆ ਅਤੇ ਵੇਖੋ ਉਹ ਬਹੁਤ ਹੀ ਚੰਗਾ ਸੀ। ਇਸ ਤਰ੍ਹਾਂ ਸ਼ਾਮ ਅਤੇ ਸਵੇਰ ਹੋਈ, ਇਹ ਛੇਵਾਂ ਦਿਨ ਹੋਇਆ।



ਯਹੋਵਾਹ ਪਰਮੇਸ਼ੁਰ ਨੇ ਉਸ ਮਨੁੱਖ ਨੂੰ ਲੈ ਕੇ ਅਦਨ ਦੇ ਬਾਗ਼ ਵਿੱਚ ਰੱਖਿਆ
ਤਾਂ ਜੋ ਉਹ ਉਸ ਦੀ ਵਾਹੀ ਤੇ ਰਾਖੀ ਕਰੇ।



ਤਦ ਯਹੋਵਾਹ ਪਰਮੇਸ਼ੁਰ ਨੇ ਮਨੁੱਖ ਨੂੰ ਆਗਿਆ ਦਿੱਤੀ ਕਿ ਤੂੰ ਬਾਗ਼ ਦੇ ਹਰੇਕ ਰੁੱਖ ਦਾ ਫਲ ਬੇਝਿਜਕ ਖਾ ਸਕਦਾ ਹੈ, ਪਰ ਭਲੇ ਬੁਰੇ ਦੇ ਗਿਆਨ ਦੇ ਰੁੱਖ ਦਾ ਫਲ ਤੂੰ ਨਾ ਖਾਈਂ ਕਿਉਂ ਜੋ ਜਿਸ ਦਿਨ ਤੂੰ ਉਸ ਤੋਂ ਖਾਵੇਂਗਾ, ਤੂੰ ਜ਼ਰੂਰ ਮਰੇਂਗਾ।




ਇਸ ਤਰ੍ਹਾਂ ਆਦਮ ਨੇ ਸਾਰੇ ਪਸ਼ੂਆਂ, ਅਕਾਸ਼ ਦੇ ਪੰਛੀਆਂ, ਅਤੇ ਜੰਗਲ ਦੇ ਸਾਰੇ ਜਾਨਵਰਾਂ ਦਾ ਨਾਮ ਰੱਖਿਆ, ਪਰ ਮਨੁੱਖ ਲਈ ਅਜੇ ਕੋਈ ਸਹਾਇਕਣ ਉਹ ਦੇ ਵਰਗੀ ਨਾ ਮਿਲੀ।



ਤਦ ਯਹੋਵਾਹ ਪਰਮੇਸ਼ੁਰ ਨੇ ਮਨੁੱਖ ਨੂੰ ਗੂਹੜੀ ਨੀਂਦ ਵਿੱਚ ਪਾ ਦਿੱਤਾ, ਸੋ ਉਹ ਸੌਂ ਗਿਆ ਅਤੇ ਪਰਮੇਸ਼ੁਰ ਨੇ ਉਹ ਦੀਆਂ ਪਸਲੀਆਂ ਵਿੱਚੋਂ ਇੱਕ ਪਸਲੀ ਕੱਢ ਲਈ ਅਤੇ ਉਹ ਦੀ ਥਾਂ ਮਾਸ ਭਰ ਦਿੱਤਾ। ਯਹੋਵਾਹ ਪਰਮੇਸ਼ੁਰ ਨੇ ਉਸ ਪਸਲੀ ਤੋਂ ਜਿਹੜੀ ਉਸ ਨੇ ਮਨੁੱਖ ਵਿੱਚੋਂ ਕੱਢੀ ਸੀ, ਇੱਕ ਨਾਰੀ ਬਣਾਈ ਅਤੇ ਉਹ ਨੂੰ ਮਨੁੱਖ ਕੋਲ ਲੈ ਆਇਆ।



ਇਸ ਲਈ ਆਦਮੀ ਆਪਣੇ ਮਾਤਾ-ਪਿਤਾ ਨੂੰ ਛੱਡ ਕੇ
ਆਪਣੀ ਪਤਨੀ ਨਾਲ ਮਿਲਿਆ ਰਹੇਗਾ ਅਤੇ ਉਹ ਇੱਕ
ਸਰੀਰ ਹੋਣਗੇ।



ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ
ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ
ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ
ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ
ਜੀਵਨ ਪ੍ਰਾਪਤ ਕਰੇ।

ਰੋਮੀਆਂ 3:23 ਕਿਉਂਕਿ ਸਭਨਾਂ ਨੇ ਪਾਪ ਕੀਤਾ ਅਤੇ ਪਰਮੇਸ਼ੁਰ ਦੀ ਮਹਿਮਾ ਤੋਂ ਰਹਿਤ ਹਨ।

ਰੋਮੀਆਂ 6:23 ਕਿਉਂਕਿ ਪਾਪ ਦੀ ਮਜ਼ਦੂਰੀ ਤਾਂ ਮੌਤ ਹੈ, ਪਰ ਪਰਮੇਸ਼ੁਰ ਦਾ ਵਰਦਾਨ ਸਾਡੇ ਪ੍ਰਭੂ ਮਸੀਹ ਯਿਸੂ ਵਿੱਚ ਸਦੀਪਕ ਜੀਵਨ ਹੈ।

ਇਬਰਾਨੀ 9:27 ਅਤੇ ਜਿਵੇਂ ਮਨੁੱਖਾਂ ਲਈ ਇੱਕ ਵਾਰ ਮਰਨਾ ਠਹਿਰਾਇਆ ਹੋਇਆ ਹੈ ਅਤੇ ਉਹ ਦੇ ਪਿੱਛੋਂ ਨਿਆਂ ਹੁੰਦਾ ਹੈ।

ਅਫ਼ਸੀਆਂ 2:8,9 ਕਿਉਂ ਜੋ ਤੁਸੀਂ ਕਿਰਪਾ ਤੋਂ ਵਿਸ਼ਵਾਸ ਦੇ ਰਾਹੀਂ ਬਚਾਏ ਗਏ ਅਤੇ ਇਹ ਤੁਹਾਡੀ ਵੱਲੋਂ ਨਹੀਂ, ਇਹ ਪਰਮੇਸ਼ੁਰ ਦੀ ਦਾਤ ਹੈ!
ਇਹ ਕਰਮਾਂ ਤੋਂ ਨਹੀਂ ਅਜਿਹਾ ਨਾ ਹੋਵੇ ਕਿ ਕੋਈ ਘਮੰਡ ਕਰੇ!

ਰੋਮੀਆਂ 10:9,10 ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੂ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਦਿਲ ਨਾਲ ਮੰਨ ਲਵੇਂ ਜੋ ਪਰਮੇਸ਼ੁਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਹੈ, ਤਾਂ ਤੂੰ ਜ਼ਰੂਰ ਬਚਾਇਆ ਜਾਵੇਂਗਾ।
ਧਾਰਮਿਕਤਾ ਦੇ ਲਈ ਤਾਂ ਦਿਲ ਨਾਲ ਵਿਸ਼ਵਾਸ ਕੀਤਾ ਜਾਂਦਾ ਅਤੇ
ਮੁਕਤੀ ਲਈ ਮੂੰਹ ਨਾਲ ਇਕਰਾਰ ਕੀਤਾ ਜਾਂਦਾ ਹੈ।

ਯੂਹੰਨਾ 3:16,17 ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ ਜੀਵਨ ਪ੍ਰਾਪਤ ਕਰੇ।
ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਸੰਸਾਰ ਵਿੱਚ ਇਸ ਲਈ ਨਹੀਂ ਭੇਜਿਆ ਕਿ ਦੋਸ਼ੀ ਠਹਿਰਾਵੇ ਸਗੋਂ ਇਸ ਲਈ ਜੋ ਸੰਸਾਰ ਉਸ ਰਾਹੀਂ ਬਚਾਇਆ ਜਾਵੇ।

1 ਯੂਹੰਨਾ 5:11-13 ਅਤੇ ਉਹ ਗਵਾਹੀ ਇਹ ਹੈ ਕਿ ਪਰਮੇਸ਼ੁਰ ਨੇ ਸਾਨੂੰ ਸਦੀਪਕ ਜੀਵਨ ਦਿੱਤਾ ਅਤੇ ਇਹ ਜੀਵਨ ਉਹ ਦੇ ਪੁੱਤਰ ਦੇ ਵਿੱਚ ਹੈ।
ਜਿਸ ਦੇ ਕੋਲ ਪੁੱਤਰ ਹੈ, ਉਹ ਦੇ ਕੋਲ ਜੀਵਨ ਹੈ। ਜਿਹ ਦੇ ਕੋਲ ਪਰਮੇਸ਼ੁਰ ਦਾ ਪੁੱਤਰ ਨਹੀਂ ਹੈ, ਉਹ ਦੇ ਕੋਲ ਜੀਵਨ ਵੀ ਨਹੀਂ।
ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਲਿਖੀਆਂ ਅਰਥਾਤ ਤੁਹਾਨੂੰ ਜਿਹੜੇ ਪਰਮੇਸ਼ੁਰ ਦੇ ਪੁੱਤਰ ਦੇ ਨਾਮ ਉੱਤੇ ਵਿਸ਼ਵਾਸ ਕਰਦੇ ਹੋ ਤਾਂ ਕਿ ਤੁਸੀਂ ਜਾਣੋ ਜੋ ਸਦੀਪਕ ਜੀਵਨ ਤੁਹਾਨੂੰ ਮਿਲਿਆ ਹੈ।

ਉਤ 1-2

Storyline by: Edward D. Hughes

Illustrated by: Byron Unger, Lazarus and Alastair Paterson

Adapted by: Bob Davies; Tammy S.

Panjabi, Eastern Bible (pan) PNB-IRV Creative Commons License Indian Revised Version (IRV) - Punjabi (ਭਾਰਤੀ ਸੋਧਿਆ ਹੋਇਆ ਸੰਸਕਰਣ - ਪੰਜਾਬੀ), 2019 by Bridge Connectivity Solutions Pvt. Ltd.

https://live.bible.is/bible/PANDPI/GEN/1

©2026 Bible for Children, Inc.
www.M1914.org www.bibleforchildren.org